ਅਜੀਤ ਬਠਿੰਡਾ
ਬਠਿੰਡਾ ਅਜੀਤ
5
ਵੀਰਵਾਰ, 5 ਨਵੰਬਰ, 2026





ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਸਮੇਂ ਮਹਿਮਾਨ ਤੇ ਸਕੂਲ ਮੈਨੇਜਮੈਂਟ। (ਸੱਜੇ) ਇਸ ਮੌਕੇ ਦੌੜ 'ਚ ਹਿੱਸਾ ਲੈਂਦੇ ਹੋਏ ਵਿਦਿਆਰਥੀ। ਅਜੀਤ ਤਸਵੀਰ

ਸਿਲਵਰ ਓਕਸ ਸਕੂਲ, ਬਠਿੰਡਾ ਦਾ ਸਾਲਾਨਾ ਖੇਡ ਦਿਵਸ ਯਾਦਗਾਰੀ ਹੋ ਨਿੱਬੜਿਆ

ਬਠਿੰਡਾ, 4 ਨਵੰਬਰ (ਅੰਮ੍ਰਿਤਪਾਲ ਸਿੰਘ ਵਲ੍ਹਾਣ):- ਸਿਲਵਰ ਓਕਸ ਸਕੂਲ, ਬੀਬੀਵਾਲਾ ਰੋਡ, ਬਠਿੰਡਾ ਦਾ ਸਾਲਾਨਾ ਖੇਡ ਦਿਵਸ ਯਾਦਗਾਰੀ ਹੋ ਨਿੱਬੜਿਆ ਹੈ। ਖੇਡ ਦਿਵਸ ਦੇ ਦੂਸਰੇ ਦਿਨ ਮੁੱਖ ਮਹਿਮਾਨਾਂ ਵਜੋਂ ਡਾ. ਜਗਜੀਤ ਸਿੰਘ ਧੂਰੀ ਪ੍ਰਧਾਨ ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ (ਐਫ਼ਏਪੀ), ਜੁਆਇੰਟ ਐਸੋਸੀਏਸ਼ਨ ਆਫ਼ ਕਾਲਜ ਦੇ ਪ੍ਰਧਾਨ ਅਤੇ ਆਪਣਾ ਪੰਜਾਬ ਫਾਊਂਡੇਸ਼ਨ ਦੇ ਸੰਸਥਾਪਕ ਤੇ ਪ੍ਰਧਾਨ, ਚੇਅਰਮੈਨ ਇੰਦਰਜੀਤ ਸਿੰਘ ਬਰਾੜ, ਡਾਇਰੈਕਟਰ ਸ੍ਰੀਮਤੀ ਮਾਲਵਿੰਦਰ ਕੌਰ ਸਿੱਧੂ, ਪ੍ਰਿੰਸੀਪਲ ਮੈਡਮ ਨੀਲਮ ਵਰਮਾ ਅਤੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਨੀਰੂ ਗੋਇਲ ਦੀ ਹਾਜ਼ਰੀ ਰਹੀ। ਇਸ ਮੌਕੇ ਸਕੂਲ ਨੂੰ ਪੰਜਾਬ ਇੰਸਟੀਚਿਊਟ ਆਫ਼ ਸਪੋਰਟਸ (ਪੀਆਈਐਸ) ਦੇ ਪ੍ਰਸਿੱਧ ਹਾਕੀ ਕੋਚ ਰਾਜਵੰਤ ਸਿੰਘ ਮਾਨ ਅਤੇ ਅੰਤਰ-ਰਾਸ਼ਟਰੀ ਹਾਕੀ ਖਿਡਾਰਨ ਰਾਜਵਿੰਦਰ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਕੂਲ ਦੇ ਚਾਰਾਂ ਸਦਨਾਂ ਦੇ ਵਿਦਿਆਰਥੀਆਂ ਵਲੋਂ ਮਾਰਚ ਪਾਸਟ ਕਰਦੇ ਹੋਏ ਮੁੱਖ ਮਹਿਮਾਨਾਂ ਨੂੰ ਸਲਾਮੀ ਦਿੱਤੀ ਗਈ। ਮੁੱਖ ਮਹਿਮਾਨਾਂ ਵਲੋਂ ਗੁਬਾਰੇ ਛੱਡ ਕੇ ਖੇਡ ਦਿਵਸ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਘੋੜਿਆਂ ਦਾ ਪ੍ਰਦਰਸ਼ਨ ਅਤੇ ਤੀਰਅੰਦਾਜ਼ੀ ਦੇ ਮੁਕਾਬਲੇ ਵਿਸ਼ੇਸ਼ ਖਿੱਚ ਦਾ ਮੁੱਖ ਕੇਂਦਰ ਰਹੇ। ਇਸ ਮੌਕੇ ਵਿਦਿਆਰਥੀਆਂ ਨੇ 100 ਮੀਟਰ ਦੌੜ, ਰਿਲੇਅ ਦੌੜ, ਹਰਡਲਜ਼ ਦੌੜ ਅਤੇ ਰੱਸਾਕਸ਼ੀ ਮੁਕਾਬਲਿਆਂ ਵਿਚ ਭਾਗ ਲਿਆ। ਜੇਤੂ ਸਦਨ ਨੇ ਸਪੋਰਟਸ ਟਰਾਫ਼ੀ ਆਪਣੇ ਨਾਮ ਕੀਤੀ। ਮੁੱਖ ਮਹਿਮਾਨਾਂ ਵਲੋਂ ਜੇਤੂ ਵਿਦਿਆਰਥੀਆਂ ਨੂੰ ਮੈਡਲ ਤਕਸੀਮ ਕੀਤੇ ਗਏ। ਸਕੂਲ ਦੇ ਚੇਅਰਮੈਨ ਇੰਦਰਜੀਤ ਸਿੰਘ ਬਰਾੜ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਖੇਡਾਂ ਸਾਨੂੰ ਅਨੁਸ਼ਾਸਨ, ਸਹਿਯੋਗ, ਮਿਹਨਤ ਅਤੇ ਟੀਮ ਭਾਵਨਾ ਦੀ ਸਿੱਖਿਆ ਦਿੰਦੀਆਂ ਹਨ। ਉਨ੍ਹਾਂ ਨੇ ਸਾਰੇ ਬੱਚਿਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ। ਪ੍ਰਿੰਸੀਪਲ ਮੈਡਮ ਨੀਲਮ ਵਰਮਾ ਨੇ ਸਾਰਿਆਂ ਦਾ ਧੰਨਵਾਦ ਕੀਤਾ। ਸਮਾਗਮ ਦੇ ਅੰਤ ਵਿਚ ਪੰਜਾਬ ਦਾ ਲੋਕ ਨਾਚ ਭੰਗੜਾ ਪੇਸ਼ ਕੀਤਾ ਗਿਆ, ਜਿਸ ਨੇ ਸਾਰੇ ਦਰਸ਼ਕਾਂ ਨੂੰ ਝੂਮਣ ਲਈ ਮਜ਼ਬੂਰ ਕਰ ਦਿੱਤਾ। ਇਸ ਤਰ੍ਹਾਂ ਸਾਲਾਨਾ ਖੇਡ ਦਿਵਸ ਆਪਣੀਆਂ ਅਮਿੱਟ ਯਾਦਾਂ ਛੱਡਦਾ ਹੋਇਆ ਰਾਸ਼ਟਰੀ ਗਾਣ ਨਾਲ ਸਮਾਪਤ ਹੋਇਆ।

ਜਲ ਸਪਲਾਈ ਵਿਭਾਗ ਦੇ ਕੱਚੇ ਕਾਮਿਆਂ ਵਲੋਂ ਮੁੱਖ ਮੰਤਰੀ ਦੇ ਹਲਕੇ ਧੂਰੀ ਵਿਚ ਪਰਿਵਾਰਾਂ ਸਮੇਤ ਰੋਸ ਮੁਜ਼ਾਹਰਾ 6 ਨੂੰ

ਬਠਿੰਡਾ, 4 ਨਵੰਬਰ (ਸੱਤਪਾਲ ਸਿੰਘ ਸਿਵੀਆਂ)-ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਵਲੋਂ ਆਪਣੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਮਾਨ ਦੇ ਹਲਕੇ ਧੂਰੀ ਵਿਚ ਗੱਜਣ ਦਾ ਐਲਾਨ ਕੀਤਾ ਗਿਆ ਹੈ। ਇਸ ਸੰਬੰਧੀ ਯੂਨੀਅਨ ਦੀ ਸਥਾਨਕ ਚਿਲਡਰਨ ਪਾਰਕ ਵਿਚ ਹੋਈ ਮੀਟਿੰਗ ਦੌਰਾਨ ਅਮ੍ਰਿਤਪਾਲ ਸਿੰਘ ਕਲਿਆਣ ਜ਼ਿਲ੍ਹਾ ਪ੍ਰਧਾਨ, ਅੰਗਰੇਜ਼ ਸਿੰਘ ਜਨਰਲ ਸਕੱਤਰ ਅਤੇ ਕੁਲਵੰਤ ਸਿੰਘ ਕਾਲਝਰਾਣੀ ਪ੍ਰੈੱਸ ਸਕੱਤਰ ਨੇ ਦੱਸਿਆ ਕਿ ਪਿਛਲੇ 15-20 ਸਾਲਾਂ ਤੋਂ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਿਚ ਇੰਨਲਿਸਟਮੈਂਟ ਆਊਟਸੋਰਸ ਵਰਕਰ ਨਿਗੂਣੀਆਂ ਤਨਖ਼ਾਹਾਂ 'ਤੇ ਪੱਕੇ ਮੁਲਾਜ਼ਮਾਂ ਦੇ ਬਰਾਬਰ ਕੰਮ ਕਰ ਰਹੇ ਹਨ ਪਰ ਸਮੇਂ ਦੀਆਂ ਸਰਕਾਰਾਂ ਨੇ ਵਰਕਰਾਂ ਨੂੰ ਵਿਭਾਗ ਵਿਚ ਮਰਜ਼ ਕਰਨ ਲਈ ਟਾਲ ਮਟੋਲ ਅਤੇ ਬਦਨੀਤੀ ਦੀ ਨੀਤੀ ਅਪਣਾ ਕੇ ਕੱਚੇ ਜਲ ਸਪਲਾਈ ਕਾਮਿਆਂ ਦਾ ਸ਼ੋਸ਼ਣ ਕਰਨ ਦੀ ਨੀਤੀ ਹੀ ਅਪਣਾਈ ਹੈ। ਵਰਕਰਾਂ ਤੇ ਦਫ਼ਤਰੀ ਕਾਮਿਆਂ ਦੀਆਂ ਤਿੰਨ-ਤਿੰਨ ਮਹੀਨੇ ਤਨਖ਼ਾਹਾਂ ਲਮਕਾਈਆਂ ਜਾਂਦੀਆਂ ਮੰਗਾਂ ਨੂੰ ਲੈ ਕੇ 6 ਨਵੰਬਰ ਨੂੰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਸਾਰੇ ਕੱਚੇ ਕਾਮਿਆਂ ਵਲੋਂ ਪਰਿਵਾਰਾਂ ਅਤੇ ਬੱਚਿਆਂ ਸਮੇਤ ਮੁੱਖ ਮੰਤਰੀ ਦੇ ਹਲਕੇ



ਧੂਰੀ ਪ੍ਰਦਰਸ਼ਨ ਸੰਬੰਧੀ ਜਾਣਕਾਰੀ ਦਿੰਦੇ ਹੋਏ ਯੂਨੀਅਨ ਆਗੂ। ਤਸਵੀਰ : ਲਵਲੀ

ਧੂਰੀ ਵਿਚ ਜ਼ਬਰਦਸਤ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਜੇਕਰ ਕੱਚੇ ਕਾਮਿਆਂ ਨੂੰ ਵਿਭਾਗ ਵਿੱਚ ਮਰਜ਼ ਨਾ ਕੀਤਾ ਗਿਆ ਤਾਂ ਆਉਣ ਵਾਲੀਆਂ ਚੋਣਾਂ ਤੋਂ ਪਹਿਲਾਂ ਜਥੇਬੰਦੀ ਵਲੋਂ ਸਾਰੇ ਹਲਕਿਆਂ ਵਿਚ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਇਸ ਮੌਕੇ ਕੁਲਵਿੰਦਰ ਸਿੰਘ ਮੀਤ ਪ੍ਰਧਾਨ, ਸੰਦੀਪ ਸਿੰਘ ਮੁਜ਼ਾਨਦੀ, ਜਗਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਸੁਖਵਿੰਦਰ ਸਿੰਘ ਪ੍ਰਚਾਰ ਸਕੱਤਰ, ਦਵਿੰਦਰ ਸਿੰਘ ਸਲਾਹਕਾਰ, ਕੇਵਲ ਸਿੰਘ ਜੋਇੰਟ ਪ੍ਰਚਾਰ ਸਕੱਤਰ, ਅਵਤਾਰ ਸਿੰਘ ਐਕਟਿਵ ਮੈਂਬਰ ਆਦਿ ਮੌਜੂਦ ਸਨ।



ਮਹਿਰਾਜ ਵਿਖੇ ਲਗਾਏ ਗਏ ਦੋ ਰੋਜ਼ਾ ਬਲਾਕ ਪੱਧਰੀ ਵਿਗਿਆਨ ਮੇਲੇ ਦੌਰਾਨ ਜੇਤੂ ਵਿਦਿਆਰਥੀਆਂ ਨੂੰ ਇਨਾਮ ਦਿੰਦੇ ਹੋਏ ਮੁੱਖ ਮਹਿਮਾਨ ਅਤੇ ਜੱਜ। ਤਸਵੀਰ: ਸੁਖਪਾਲ ਮਹਿਰਾਜ।

ਮਹਿਰਾਜ ਵਿਖੇ ਦੋ ਰੋਜ਼ਾ ਬਲਾਕ ਪੱਧਰੀ ਵਿਗਿਆਨ ਮੇਲਾ ਲਗਾਇਆ

ਵਿਦਿਆਰਥੀਆਂ ਵਲੋਂ ਤਿਆਰ ਕੀਤੇ ਵੱਖ-ਵੱਖ ਮਾਡਲ ਰਹੇ ਖਿੱਚ ਦਾ ਕੇਂਦਰ

ਮਹਿਰਾਜ, 4 ਨਵੰਬਰ (ਸੁਖਪਾਲ ਮਹਿਰਾਜ) - ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੀ.ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਮਹਿਰਾਜ ਵਿਖੇ ਇੰਚਾਰਜ ਪ੍ਰਿੰਸੀਪਲ ਕ੍ਰਿਸ਼ਨ ਲਾਲ ਅਤੇ ਸਮੂਹ ਸਟਾਫ਼ ਦੇ ਸਹਿਯੋਗ ਨਾਲ ਦੋ ਰੋਜ਼ਾ ਬਲਾਕ ਪੱਧਰੀ ਵਿਗਿਆਨ ਮੇਲਾ ਲਗਾਇਆ ਗਿਆ। ਮੇਲੇ ਦਾ ਉਦਘਾਟਨ ਮੁੱਖ ਮਹਿਮਾਨ ਚੇਅਰਮੈਨ ਡਾ. ਜਗਸੀਰ ਸਿੰਘ ਵੈਦ ਨੇ ਰੀਬਨ ਕੱਟ ਕੇ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਮੇਲੇ ਵਿਦਿਆਰਥੀਆਂ ਵਿਚ ਵਿਗਿਆਨਕ ਸੋਚ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦਾ ਮੌਕਾ ਪ੍ਰਦਾਨ ਕਰਦੇ ਹਨ। ਮੇਲੇ ਵਿਚ ਛੇਵੀਂ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਵੱਖ-ਵੱਖ ਵਿਸ਼ਿਆਂ ਨਾਲ ਸਬੰਧਿਤ ਮਾਡਲ ਤਿਆਰ ਕੀਤੇ, ਜੋ ਖਿੱਚ ਦਾ ਕੇਂਦਰ ਰਹੇ। ਵਿਦਿਆਰਥੀਆਂ ਨੇ ਆਪਣੇ ਮਾਡਲਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਉਨ੍ਹਾਂ ਦੀ ਕਾਰਜ-ਪ੍ਰਣਾਲੀ ਅਤੇ ਮਹੱਤਤਾ ਬਾਰੇ ਸਮਝਾਇਆ।ਮੁਕਾਬਲਿਆਂ ਵਿਚ ਜੇਤੂਆਂ ਦੀ ਚੋਣ ਲਈ ਜ਼ਿਲ੍ਹਾ ਸਿੱਖਿਆ ਅਫ਼ਸਰ ਵੱਲੋਂ ਵੱਖ-ਵੱਖ ਸਕੂਲਾਂ ਦੇ ਲੈਕਚਰਾਰ ਜਗਮੇਲ ਸਿੰਘ, ਕਰਮ ਸਿੰਘ ਅਤੇ ਸ਼ਿਲਪਾ ਨੂੰ ਬਤੌਰ ਜੱਜ ਨਿਯੁਕਤ ਕੀਤਾ ਗਿਆ। ਜੱਜਾਂ ਨੇ ਨਿਰਪੱਖ ਢੰਗ ਨਾਲ ਮੁਲਾਂਕਣ ਕਰਦਿਆਂ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਸਕੂਲ ਦੇ ਸਾਫ਼-ਸੁਥਰੇ ਅਤੇ ਸਿੱਖਿਆ-ਦਾਇਕ ਮਾਹੌਲ ਦੀ ਵੀ ਸ਼ਲਾਘਾ ਕੀਤੀ।ਇਸ ਮੌਕੇ ਪ੍ਰਿੰਸੀਪਲ ਕ੍ਰਿਸ਼ਨ ਲਾਲ ਨੇ ਕਿਹਾ ਕਿ ਅਜਿਹੇ ਮੇਲਿਆਂ ਦਾ ਮੁੱਖ ਮਕਸਦ ਬੱਚਿਆਂ ਅੰਦਰ ਛੁਪੀ ਪ੍ਰਤਿਭਾ ਨੂੰ ਉਭਾਰਨਾ ਅਤੇ ਉਨ੍ਹਾਂ ਵਿਚ ਵਿਗਿਆਨਕ ਦ੍ਰਿਸ਼ਟੀਕੋਣ ਪੈਦਾ ਕਰਨਾ ਹੈ। ਸਟੇਜ ਸਕੱਤਰ ਦੀ ਭੂਮਿਕਾ ਅਧਿਆਪਕ ਜਸਪਾਲ ਸਿੰਘ ਨੇ ਨਿਭਾਈ। ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਮਾਡਲ ਤਿਆਰ ਕਰਵਾਉਣ ਲਈ ਅਧਿਆਪਕ ਜਸਪਾਲ ਸਿੰਘ, ਕਿਰਨਜੀਤ ਕੌਰ, ਡਿੰਪਲ ਰਾਣੀ, ਕੁਲਵੀਰ ਕੌਰ, ਨਿਸ਼ਾ ਰਾਣੀ ਅਤੇ ਗੁਰਸੇਵਕ ਸਿੰਘ ਨੇ ਵਿਸ਼ੇਸ਼ ਯੋਗਦਾਨ ਪਾਇਆ। ਇਸ ਮੌਕੇ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਪੰਜਾਬੀ ਯੂਨੀਵਰਸਿਟੀ ਕੈਂਪਸ ਵਿਖੇ ਧਾਰਮਿਕ ਸਮਾਗਮ ਉਪਰੰਤ ਖ਼ੂਨਦਾਨ ਕੈਂਪ ਲਗਾਇਆ

ਤਲਵੰਡੀ ਸਾਬੋ, 4 ਨਵੰਬਰ (ਰਣਜੀਤ ਸਿੰਘ ਰਾਜੂ)-ਪੰਜਾਬੀ ਯੂਨੀਵਰਸਿਟੀ ਤਲਵੰਡੀ ਸਾਬੋ ਕੈਂਪਸ, ਵਿਖੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵਲੋਂ ਤਿੰਨ ਰੋਜ਼ਾ ਸਲਾਨਾ ਗੁਰਮਤਿ ਸਮਾਗਮ ਸ਼ਰਧਾ ਨਾਲ ਕਰਵਾਇਆ ਗਿਆ ਉਪਰੰਤ ਖ਼ੂਨਦਾਨ ਕੈਂਪ ਲਗਾ ਕੇ ਵਿਦਿਆਰਥੀਆਂ ਨੂੰ ਸਮਾਜ ਸੇਵੀ ਕਾਰਜਾਂ ਲਈ ਪ੍ਰੇਰਿਤ ਕੀਤਾ। ਕੈਂਪਸ ਪ੍ਰਬੰਧਕਾਂ ਵੱਲੋਂ ਜਾਰੀ ਪ੍ਰੈੱਸ ਨੋਟ ਮੁਤਾਬਿਕ ਸਮਾਗਮ ਦੀ ਆਰੰਭਤਾ 31 ਅਕਤੂਬਰ ਨੂੰ ਸ੍ਰੀ ਅਖੰਡ ਪਾਠ ਦੇ ਪ੍ਰਕਾਸ਼ ਨਾਲ ਹੋਈ। ਇਸ ਦਿਨ ਵਿਦਿਆਰਥੀਆਂ ਦੇ ਕਵਿਤਾ ਮੁਕਾਬਲੇ, ਕਵੀਸ਼ਰੀ ਮੁਕਾਬਲੇ ਅਤੇ ਸ਼ਬਦ ਗਾਇਨ ਮੁਕਾਬਲੇ ਕਰਵਾਏ ਗਏ। 1 ਨਵੰਬਰ ਨੂੰ 'ਦਸਤਾਰ ਮੁਕਾਬਲਾ' ਕਰਵਾਇਆ ਗਿਆ ਅਤੇ 2 ਨਵੰਬਰ ਨੂੰ ਸ੍ਰੀ ਅਖੰਡ ਪਾਠ ਦੇ ਭੋਗ ਉਪਰੰਤ ਰਾਗੀ ਜਥਿਆਂ ਨੇ ਮਨੋਹਰ ਕੀਰਤਨ ਕੀਤਾ। ਵਿਦਿਆਰਥੀਆਂ ਦੇ ਕਰਵਾਏ ਮੁਕਾਬਲਿਆਂ ਦੇ ਐਲਾਨੇ ਨਤੀਜਿਆਂ ਮੁਤਾਬਿਕ ਕਵਿਤਾ ਮੁਕਾਬਲੇ ਵਿਚ ਅਰਗੀਨ ਬੇਗਮ ਬੀ. ਟੈੱਕ ਸੀ ਐਸ ਈ ਤੀਜਾ ਸਾਲ, ਕਵੀਸ਼ਰੀ ਮੁਕਾਬਲੇ ਵਿੱਚ ਜਸਪ੍ਰੀਤ ਅਤੇ ਅਮਨਦੀਪ ਕੌਰ ਬੀ.ਟੈੱਕ ਐਮ ਈ ਤੀਜਾ ਸਾਲ, ਸ਼ਬਦ ਗਾਇਨ ਮੁਕਾਬਲੇ ਵਿਚ ਪਿੰਕੀ ਰਾਣੀ ਬੀ.ਏ ਦੂਜਾ ਵਰ੍ਹਾ ਅਤੇ ਤਲਵੰਡੀ ਸਾਬੋ ਅਤੇ ਭਗਤ ਪੂਰਨ ਸਿੰਘ ਸੇਵਾ ਕੇਂਦਰ ਵੱਲੋਂ ਸਾਂਝੇ ਤੌਰ ਤੇ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿਚ ਵਿਦਿਆਰਥੀਆਂ ਅਤੇ ਸਟਾਫ਼ ਨੇ 30



ਖ਼ੂਨਦਾਨ ਕੈਂਪ ਉਪਰੰਤ ਮੋਹਤਬਰਾਂ ਦਾ ਸਨਮਾਨ ਕਰਦੇ ਡਾਇਰੈਕਟਰ ਅਮਨਦੀਪ ਸਿੰਘ। ਤਸਵੀਰ: ਰਾਜੂ

ਦਸਤਾਰ ਮੁਕਾਬਲਾ (ਲੜਕੇ) ਵਿੱਚ ਜਸਪ੍ਰੀਤ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਸਮਾਗਮ ਦੇ ਆਖਰੀ ਦਿਨ ਡਾਇਰੈਕਟਰ ਕੈਂਪਸ ਡਾ. ਅਮਨਦੀਪ ਸਿੰਘ ਅਤੇ ਕਨਵੀਨਰ ਡਾ. ਜਗਤਾਰ ਸਿੰਘ ਵਲੋਂ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ ਦਾ ਸਿਰੋਪਾਓ ਨਾਲ ਸਨਮਾਨ ਕੀਤਾ ਗਿਆ। ਇਸ ਦੌਰਾਨ ਸਹਾਰਾ ਕਲੱਬ ਯੂਨਿਟ ਖ਼ੂਨਦਾਨ ਕੀਤਾ।ਖ਼ੂਨਦਾਨ ਕੈਂਪ ਚ ਮੁੱਖ ਮਹਿਮਾਨ ਵਜੋਂ ਡਾਇਰੈਕਟਰ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ, ਇੰਚਾਰਜ ਡਾ. ਦਿਆਲ ਭਟਨਾਗਰ ਭਗਤ ਪੂਰਨ ਸਿੰਘ ਸਿਹਤ ਕੇਂਦਰ, ਹਰਪ੍ਰੀਤ ਸਿੰਘ ਮੁੱਖ ਫਾਰਮਾਸਿਸਟ ਅਤੇ ਸਹਾਰਾ ਕਲੱਬ ਦੇ ਪ੍ਰਧਾਨ ਧੰਨਾ ਸਿੰਘ ਮੌਜੂਦ ਰਹੇ।ਡਾਇਰੈਕਟਰ ਅਮਨਦੀਪ ਸਿੰਘ ਵਲੋਂ ਮੋਹਤਬਰ ਸਖ਼ਸ਼ੀਅਤਾਂ ਦਾ ਸਨਮਾਨ ਵੀ ਕੀਤਾ ਗਿਆ।



ਜ਼ਿਲ੍ਹਾ ਅਦਾਲਤੀ ਕੰਪਲੈਕਸ 'ਚ ਖੜ੍ਹੇ ਵਾਹਨਾਂ ਦੀ ਚੈਕਿੰਗ ਕਰਦੀਆਂ ਹੋਈਆਂ ਟੀਮਾਂ। ਅਜੀਤ ਤਸਵੀਰ

ਬਠਿੰਡਾ ਜ਼ਿਲ੍ਹਾ ਅਦਾਲਤ ਨੂੰ ਮੁੜ ਬੰਬ ਨਾਲ ਉਡਾਉਣ ਦੀ ਮਿਲੀ ਧਮਕੀ

ਬਠਿੰਡਾ, 4 ਨਵੰਬਰ (ਪ੍ਰੀਤਪਾਲ ਸਿੰਘ ਰੋਮਾਣਾ)-ਬਠਿੰਡਾ 'ਚ ਜ਼ਿਲ੍ਹਾ ਅਦਾਲਤੀ ਕੰਪਲੈਕਸ ਨੂੰ ਈਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਕਾਰਨ ਪੁਲਿਸ ਅਤੇ ਪ੍ਰਸ਼ਾਸਨ ਵਿਚ ਹੜਕੰਪ ਮੱਚ ਗਿਆ। ਧਮਕੀ ਸਬੰਧੀ ਸੂਚਨਾ ਮਿਲਦਿਆਂ ਹੀ ਪੁਲਿਸ ਦੀਆਂ ਟੀਮਾਂ ਤੁਰੰਤ ਅਦਾਲਤੀ ਕੰਪਲੈਕਸ ਵਿਚ ਪਹੁੰਚ ਗਈਆਂ ਅਤੇ ਪੂਰੇ ਇਲਾਕੇ ਵਿਚ ਜਾਂਚ ਮੁਹਿੰਮ ਸ਼ੁਰੂ ਕਰ ਦਿੱਤੀ। ਸੁਰੱਖਿਆ ਦੇ ਮੱਦੇਨਜ਼ਰ ਅਦਾਲਤੀ ਕੰਪਲੈਕਸ ਵਿਚ ਆਉਣ-ਜਾਣ ਵਾਲੇ ਲੋਕਾਂ ਦੀ ਜਾਂਚ ਕੀਤੀ ਗਈ ਅਤੇ ਸ਼ੱਕੀ ਵਸਤੂਆਂ ਦੀ ਵੀ ਬਾਰੀਕੀ ਨਾਲ ਤਲਾਸ਼ੀ ਲਈ ਗਈ। ਥਾਣਾ ਸਿਵਲ ਲਾਇਨ ਦੇ ਐਸ.ਐਚ.ਓ. ਰਵਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੂੰ ਇਕ ਈਮੇਲ ਪ੍ਰਾਪਤ ਹੋਈ ਸੀ ਜਿਸ ਦੇ ਚਲਦਿਆਂ ਅਦਾਲਤੀ ਕੰਪਲੈਕਸ ਦੀ ਜਾਂਚ ਕੀਤੀ ਗਈ ਹੈ। ਇਸ ਦੌਰਾਨ ਉਨ੍ਹਾਂ ਨੂੰ ਕੋਈ ਵੀ ਧਮਾਕਾਖ਼ੇਜ਼ ਸਮੱਗਰੀ ਨਹੀ ਮਿਲੀ। ਉਨ੍ਹਾਂ ਵਲੋਂ ਧਮਕੀ ਭਰੀ ਈਮੇਲ ਭੇਜਣ ਵਾਲੇ ਵਿਅਕਤੀ ਦੀ ਪਛਾਣ ਕਰਨ ਲਈ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਦੱਸਣਾ ਬਣਦਾ ਹੈ, ਕਿ ਬਠਿੰਡਾ 'ਚ ਕੋਈ ਵੀ ਸਰਕਾਰੀ ਅਦਾਰਾ, ਵਿੱਦਿਅਕ ਸੰਸਥਾ ਜਾਂ ਜਨਤਕ ਸਥਾਨ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਦੀ ਇਹ ਪਹਿਲੀ ਘਟਨਾ ਨਹੀਂ ਹੈ। ਇਸ ਤੋਂ ਪਹਿਲਾਂ ਵੀ ਰੇਲਵੇ ਸਟੇਸ਼ਨ, ਰੇਲਵੇ ਟਰੈਕ, ਸਕੂਲਾਂ, ਜ਼ਿਲ੍ਹਾ ਅਦਾਲਤ, ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਸਮੇਤ ਕਈ ਥਾਵਾਂ ਨੂੰ ਧਮਕੀ ਦੀਆਂ ਈਮੇਲਾਂ ਮਿਲ ਚੁੱਕੀਆਂ ਹਨ। ਵਾਰ-ਵਾਰ ਮਿਲ ਰਹੀਆਂ ਧਮਕੀ ਭਰੀਆਂ ਈਮੇਲਾਂ ਨੇ ਸੁਰੱਖਿਆ ਏਜੰਸੀਆਂ ਦੀ ਚਿੰਤਾ ਵਧਾ ਦਿੱਤੀ ਹੈ।

ਈਮੇਲ ਮਿਲਣ ਤੋਂ ਬਾਅਦ ਪੁਲਿਸ ਨੇ ਚਲਾਇਆ ਸਰਚ ਆਪ੍ਰੇਸ਼ਨ



ਰੈਲੀ 'ਚ ਜਾਣ ਤੋਂ ਪਹਿਲਾਂ ਕਾਂਗਰਸੀ ਵਰਕਰਾਂ ਨਾਲ ਸੁਖਦੇਵ ਸਿੰਘ ਚਹਿਲ।

ਵੱਡੇ ਕਾਫ਼ਲੇ ਸਮੇਤ